**VIGILANCE BUREAU PUNJAB**

## Vigilance nabs ASI for taking bribe

Chandigarh, July 23: Punjab Vigilance Bureau, today nabbed an Assistant Sub Inspector (ASI) posted at Dharmkot Police Station, Moga red handed while accepting bribe of Rs 5000/-.

Disclosing this here an official spokesperson of the Vigilance Bureau said ASI Gurpreet Singh was nabbed red handed on the complaint of Sukhmander Singh of village Bhinder Kalan, Moga district. The complainant has approached the VB and alleged that the accused ASI was demanding Rs 5,000 to help him in a complaint case regarding land dispute.

After verifying his information, the vigilance team laid a trap and the accused ASI was arrested on the spot while taking bribe of Rs. 5000 from the complainant in the presence of two official witnesses.

He informed that a case under Prevention of Corruption Act has been registered against the accused VB police station Ferozepur and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 23 ਜੁਲਾਈ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਧਰਮਕੋਟ ਥਾਣਾ, ਮੋਗਾ ਵਿਖੇ ਤਾਇਨਾਤ ਏ.ਐਸ.ਆਈ. ਗੁਰਪ੍ਰੀਤ ਸਿੰਘ ਨੂੰ 5000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਖਮੰਦਰ ਸਿੰਘ ਵਾਸੀ ਪਿੰਡ ਭਿੰਡਰ ਕਲਾਂ, ਜਿਲਾ ਮੋਗਾ ਦੀ ਸ਼ਿਕਾਇਤ 'ਤੇ ਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਵਲੋਂ ਜਮੀਨ ਦੇ ਝਗੜੇ ਸਬੰਧੀ ਦਿੱਤੀ ਗਈ ਦਰਖਾਸਤ 'ਤੇ ਕਾਰਵਾਈ ਕਰਨ ਬਦਲੇ ਉਕਤ ਏ.ਐਸ.ਆਈ ਵਲੋਂ 5,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----